ਜਨਮ ਦਿਨ ਮੁਬਾਰਕ

ਸਰਿਕਾ ਰਾਣੀ, ਪਿਤਾ : ਰਾਜੇਸ਼ ਕੁਮਾਰ (ਗੁਰਦਾਸਪੁਰ) ਸੂਰਜ ਬੈਰਾਗੀ, ਪਿਤਾ : ਸੁਰਜੀਤ ਬੈਰਾਗੀ (ਗੁਰਦਾਸਪੁਰ)

ਬੰਧਨ ਪਿਆਰ ਦਾ

ਸਾਹਿਲ ਭਾਰਦਵਾਜ ਅਤੇ ਜਯੋਤੀ ਭਾਰਦਵਾਜ ਨੂੰ ਵਿਆਹ ਦੀ ਵਰ੍ਹੇਗੰਢ ਦੀਆਂ ਮੁਬਾਰਕਾਂ।

ਜਗ ਬਾਣੀ
ਹਮੇਸ਼ਾ ਤੁਹਾਡੇ ਨਾਲ
ਜਨਮ ਦਿਨ | ਵਿਆਹ | ਵਰ੍ਹੇਗੰਢ
ਧੀ/ਪੁੱਤ ਦੇ ਜਨਮ ਦਿਨ | ਨਵੇਂ ਵਿਆਹੇ ਜੋੜੇ ਦੀ | ਆਪਣੇ ਵਿਆਹ ਦੀ ਵਰ੍ਹੇਗੰਢ ਦੀ
ਫੋਟੋ ਸਾਨੂੰ ਭੇਜੋ। ਫ੍ਰੀ ਪ੍ਰਕਾਸ਼ਿਤ ਹੋਵੇਗੀ
gdp@jagbani.com
whatsapp
98141-14566
98159-31595
ਨੋਟ : ਮੇਲ 'ਚ ਨਾਂ, ਮਾਤਾ-ਪਿਤਾ ਦਾ ਨਾਂ, ਪਤਾ ਅਤੇ ਮੋਬਾਈਲ ਨੰਬਰ ਜ਼ਰੂਰ ਲਿਖੋ।

ਰੰਜਿਸ਼ ਤਹਿਤ ਧੱਕਾਮੁੱਕੀ ਕਰਨ 'ਤੇ ਕੇਸ ਦਰਜ

ਅੰਮ੍ਰਿਤਸਰ, 18 ਫਰਵਰੀ (ਜਸ਼ਨ)- ਪੁਰਾਣੀ ਰੰਜਿਸ਼ ਤਹਿਤ ਧੱਕਾਮੁੱਕੀ ਕਰਨ 'ਤੇ ਥਾਣਾ ਗੇਟ ਹਕੀਮਾ ਦੀ ਪੁਲਸ ਨੇ ਅਕਾਸ਼ਦੀਪ ਸਿੰਘ, ਅਰੁਣ (ਦੋਵੇਂ ਵਾਸੀ ਭਾਈ ਵੀਰ ਸਿੰਘ ਕਾਲੋਨੀ, ਅੰਮ੍ਰਿਤਸਰ) ਅਤੇ ਕੁਝ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ।

ਕੁਲਜੀਤ ਸਿੰਘ ਨੇ ਦੱਸਿਆ ਕਿ ਮੁਲਜ਼ਮ ਉਸ ਨਾਲ ਪੁਰਾਣੀ ਰੰਜਿਸ਼ ਰੱਖਦੇ ਹਨ। ਪਿਛਲੇ ਦਿਨ ਮੁਲਜ਼ਮ ਉਸ ਦੇ ਘਰ ਬਾਹਰ ਆ ਕੇ ਗਾਲੀ-ਗਲੋਚ ਕਰਨ ਲੱਗ ਪਏ, ਜਦੋਂ ਉਸ ਦੇ ਗੁਆਂਢੀ ਨਰਿੰਦਰ ਨੇ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੂੰ ਘਰ ਦੇ ਧੱਕਾਮੁੱਕੀ ਕੀਤੀ। ਉਸ ਵੱਲੋਂ ਰੌਲਾ ਪਾਉਣ 'ਤੇ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਏ। ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

'ਸ਼ਿਵਾਲਿਕ ਕਾਲਜ 'ਚ ਮਨਾਇਆ ਜਾਵੇਗਾ ਕੌਮਾਂਤਰੀ ਮਾਂ ਬੋਲੀ ਦਿਵਸ'

ਜ਼ਿਲਾ ਸਾਹਿਤ ਕੇਂਦਰ ਨੇ ਸਮਾਗਮ ਦੀਆਂ ਤਿਆਰੀਆਂ ਸਬੰਧੀ ਰੂਪ-ਰੇਖਾ ਉਲੀਕੀ

ਗੁਰਦਾਸਪੁਰ ਵਿਖੇ ਕੌਮਾਂਤਰੀ ਮਾਂ ਬੋਲੀ ਦਿਵਸ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਕਰਦੇ ਜ਼ਿਲਾ ਸਾਹਿਤ ਕੇਂਦਰ ਦੇ ਅਹੁਦੇਦਾਰ। (ਜੀਤ)

ਗੁਰਦਾਸਪੁਰ, 18 ਫਰਵਰੀ (ਹਰਮਨ) : ਜ਼ਿਲਾ ਸਾਹਿਤ ਕੇਂਦਰ ਗੁਰਦਾਸਪੁਰ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ 21 ਫਰਵਰੀ ਨੂੰ 'ਕੌਮਾਂਤਰੀ ਮਾਂ ਬੋਲੀ ਦਿਵਸ' ਮਨਾਉਣ ਸਬੰਧੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਸਬੰਧੀ ਅੱਜ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਹਾਲ ਵਿਖੇ ਕੇਂਦਰ ਦੇ ਪ੍ਰਧਾਨ ਡਾਕਟਰ ਲੇਖ ਰਾਜ ਦੀ ਪ੍ਰਧਾਨਗੀ ਹੇਠ ਇਕ ਵਿਸ਼ੇਸ਼ ਇਕੱਤਰਤਾ ਕੀਤੀ ਗਈ। ਮੀਟਿੰਗ ਦੇ ਸ਼ੁਰੂ ਵਿੱਚ ਪ੍ਰਸਿੱਧ ਕਹਾਣੀਕਾਰ ਲਾਲ ਸਿੰਘ ਦਸੂਹਾ ਦੇ ਅਕਾਲ ਚਲਾਣੇ 'ਤੇ ਦੋ ਮਿੰਟ ਦਾ ਮੌਨ ਧਾਰ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

ਜ਼ਿਲਾ ਸਾਹਿਤ ਕੇਂਦਰ ਦੇ ਸੰਯੋਜਕ ਮੱਖਣ ਕੁਹਾੜ ਨੇ ਦੱਸਿਆ ਕਿ ਇਹ ਸਮਾਗਮ ਇਸ ਵਾਰ ਸ਼ਿਵਾਲਿਕ ਕਾਲਜ ਆਫ਼ ਐਜੂਕੇਸ਼ਨ, ਨਿਊ ਸੰਤ ਨਗਰ (ਤ੍ਰਿਮੋ ਰੋਡ) ਗੁਰਦਾਸਪੁਰ ਵਿਖੇ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਕਰਵਾਇਆ ਜਾਵੇਗਾ। ਸਮਾਗਮ ਦੇ ਪਹਿਲੇ ਪੜਾਅ 'ਚ ਵਿਦਵਾਨਾਂ ਵੱਲੋਂ ਮਾਂ ਬੋਲੀ ਪੰਜਾਬੀ ਦੀ ਮਹੱਤਤਾ, ਪਿਛੋਕੜ ਅਤੇ ਸਾਰਥਿਕਤਾ 'ਤੇ ਵਿਚਾਰ ਪੇਸ਼ ਕੀਤੇ ਜਾਣਗੇ, ਜਦਕਿ ਦੂਜੇ ਪੜਾਅ ਵਿੱਚ ਕਵੀ ਦਰਬਾਰ ਕਰਵਾਇਆ ਜਾਵੇਗਾ।

ਸਮਾਗਮ ਦੀ ਸਮਾਪਤੀ ਤੋਂ ਬਾਅਦ ਲੇਖਕਾਂ ਦਾ ਇਕ ਵਫ਼ਦ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਮਾਂ ਬੋਲੀ ਪੰਜਾਬੀ ਨੂੰ ਬਣਦਾ ਸਤਿਕਾਰ ਦੇਣ ਸਬੰਧੀ ਮੰਗ ਪੱਤਰ ਵੀ ਸੌਂਪੇਗਾ। ਇਸ ਮੌਕੇ ਜਨਰਲ ਸਕੱਤਰ ਮੰਗਤ ਚੰਚਲ, ਸੀਤਲ ਸਿੰਘ ਗੁੰਨੋਪੁਰੀ, ਸੋਹਣ ਸਿੰਘ, ਬੂਟਾ ਰਾਮ ਆਜ਼ਾਦ, ਡਾਕਟਰ ਰਜਵਿੰਦਰ ਕੌਰ ਨਾਗਰਾ ਅਤੇ ਹੋਰ ਸਾਹਿਤਕਾਰ ਹਾਜ਼ਰ ਸਨ। ਕੇਂਦਰ ਦੇ ਅਹੁਦੇਦਾਰਾਂ ਨੇ ਸਮੂਹ ਲੇਖਕਾਂ, ਕਵੀਆਂ ਅਤੇ ਚਿੰਤਕਾਂ ਨੂੰ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ ਹੈ।

ਕਾਂਗਰਸ ਦਾ ਆਧਾਰ ਲਗਾਤਾਰ ਮਜ਼ਬੂਤ ਹੋ ਰਿਹੈ : ਬਾਜਵਾ, ਲਾਲਾਨੰਗਲ

ਕਾਲਾ ਅਫਗਾਨਾ/ਧਿਆਨਪੁਰ, 18 ਫਰਵਰੀ (ਬਲਵਿੰਦਰ) : ਇਨਕਲਾਬ ਦੇ ਝੂਠੇ ਨਾਅਰੇ ਲਗਾ ਕੇ ਪੰਜਾਬ ਦੀ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਚਾਰ ਸਾਲਾਂ ਦੇ ਕਾਰਜਕਾਲ 'ਚ ਲੋਕਾਂ ਨਾਲ ਸਿਰਫ਼ ਧੋਖਾ ਹੀ ਕੀਤਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਕੈਬਨਿਟ ਮੰਤਰੀ ਅਤੇ ਵਿਧਾਇਕ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਅਤੇ ਪਿੰਡ ਲਾਲਾਨੰਗਲ ਦੇ ਸਰਪੰਚ ਨਿਸ਼ਾਨ ਸਿੰਘ ਨੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ 2027 ਦੀਆਂ ਚੋਣਾਂ 'ਚ ਸੂਬੇ ਦੇ ਲੋਕ 'ਆਪ' ਨੂੰ ਕਰਾਰੀ ਹਾਰ ਦੇ ਕੇ ਕਾਂਗਰਸ ਦੀ ਮਜ਼ਬੂਤ ਸਰਕਾਰ ਬਣਾਉਣਗੇ।

ਬਾਜਵਾ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਅਗਵਾਈ ਹੇਠ ਕਾਂਗਰਸ ਦਾ ਆਧਾਰ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਇਲਜ਼ਾਮ ਲਾਇਆ ਕਿ 2022 'ਚ ਆਮ ਆਦਮੀ ਪਾਰਟੀ ਨੇ ਲੋਕਾਂ ਨੂੰ ਗੁਮਰਾਹ ਕੀਤਾ ਸੀ ਅਤੇ ਅੱਜ ਪੰਜਾਬ ਦੀ ਸਾਰੀ ਕਮਾਂਡ ਦਿੱਲੀ ਦੇ ਨਕਾਰੇ ਹੋਏ ਲੀਡਰਾਂ ਦੇ ਹੱਥ 'ਚ ਹੈ, ਜਿਸ ਕਾਰਨ ਪੰਜਾਬ ਨਾਲ ਲਗਾਤਾਰ ਧੱਕਾ ਹੋ ਰਿਹਾ ਹੈ। ਪੰਜਾਬ ਸਰਕਾਰ ਦੀ ਬੀਮਾ ਯੋਜਨਾ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ 10 ਲੱਖ ਰੁਪਏ ਦੀ ਬੀਮਾ ਯੋਜਨਾ ਪੂਰੀ ਤਰ੍ਹਾਂ ਫੇਲ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਕੋਲ ਇਸ ਯੋਜਨਾ ਲਈ ਬਜਟ ਨਹੀਂ ਹੈ। ਜਿਸ ਤਰ੍ਹਾਂ ਮਹਿਲਾਵਾਂ ਨੂੰ ਹਰ ਮਹੀਨੇ ਇਕ ਹਜ਼ਾਰ ਰੁਪਏ ਦੇਣ ਦਾ ਵਾਅਦਾ ਪੂਰਾ ਨਹੀਂ ਹੋ ਸਕਿਆ, ਉਸੇ ਤਰ੍ਹਾਂ ਇਹ ਯੋਜਨਾ ਵੀ ਲੋਕਾਂ ਨੂੰ ਗੁਮਰਾਹ ਕਰਨ ਲਈ ਹੈ। ਉਨ੍ਹਾਂ ਕਿਹਾ ਕਿ ਲੋਕ ਹੁਣ ਅਗਲੀਆਂ ਚੋਣਾਂ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ ਤਾਂ ਜੋ ਮੌਜੂਦਾ ਸਰਕਾਰ ਨੂੰ ਚਲਦਾ ਕੀਤਾ ਜਾ ਸਕੇ।

ਅਸ਼ਵਨੀ ਸੇਖੜੀ ਦੀ ਅਗਵਾਈ ਹੇਠ ਹਲਕਾ ਬਟਾਲਾ 'ਚ ਭਾਜਪਾ ਹੋਰ ਮਜ਼ਬੂਤ ਹੋਵੇਗੀ : ਅਸ਼ਵਨੀ ਮਲਹੋਤਰਾ

ਗੱਲਬਾਤ ਦੌਰਾਨ ਅਸ਼ਵਨੀ ਮਲਹੋਤਰਾ ਅਤੇ ਹੋਰ। (ਪੱਪੂ)

ਬਟਾਲਾ, 18 ਫਰਵਰੀ (ਬੇਰੀ) : ਭਾਰਤੀ ਜਨਤਾ ਪਾਰਟੀ ਵੱਲੋਂ ਮੋਗਾ 'ਚ ਕੀਤੀ ਜਾਣ ਵਾਲੀ ਸੂਬਾ ਪੱਧਰੀ ਰੈਲੀ ਲਈ ਪਾਰਟੀ ਹਾਈਕਮਾਂਡ ਨੇ ਸਾਬਕਾ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਅਸ਼ਵਨੀ ਸੇਖੜੀ ਨੂੰ ਹਲਕਾ ਬਟਾਲਾ ਦਾ ਇੰਚਾਰਜ ਨਿਯੁਕਤ ਕੀਤਾ ਹੈ। ਸੀਨੀਅਰ ਭਾਜਪਾ ਆਗੂ ਅਸ਼ਵਨੀ ਮਲਹੋਤਰਾ ਨੇ ਇਸ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਅਸ਼ਵਨੀ ਸੇਖੜੀ ਦੀ ਅਗਵਾਈ ਹੇਠ ਹਲਕਾ ਬਟਾਲਾ 'ਚ ਭਾਜਪਾ ਹੋਰ ਮਜ਼ਬੂਤ ਹੋਵੇਗੀ।

ਗੱਲਬਾਤ ਕਰਦਿਆਂ ਅਸ਼ਵਨੀ ਮਲਹੋਤਰਾ ਨੇ ਕਿਹਾ ਕਿ ਮੋਗਾ ਰੈਲੀ 'ਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸ਼ਾਮਲ ਹੋਣਗੇ ਅਤੇ ਪੰਜਾਬ ਦੇ ਲੋਕਾਂ ਨੂੰ ਭਾਜਪਾ ਦੀਆਂ ਨੀਤੀਆਂ ਬਾਰੇ ਜਾਣੂ ਕਰਵਾਉਣਗੇ। ਉਨ੍ਹਾਂ ਕਿਹਾ ਕਿ ਸਾਬਕਾ ਮੰਤਰੀ ਅਸ਼ਵਨੀ ਸੇਖੜੀ ਵੱਲੋਂ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਅਸ਼ਵਨੀ ਸੇਖੜੀ ਸਰਹੱਦੀ ਖੇਤਰ ਦੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਪੰਜਾਬ ਦੇ ਗੰਭੀਰ ਮੁੱਦਿਆਂ ਨੂੰ ਕੇਂਦਰ ਸਰਕਾਰ ਤੱਕ ਪਹੁੰਚਾ ਕੇ ਹੱਲ ਕਰਵਾ ਰਹੇ ਹਨ।

ਮਲਹੋਤਰਾ ਨੇ ਦੱਸਿਆ ਕਿ ਮੋਗਾ ਰੈਲੀ 'ਚ ਸ਼ਾਮਲ ਹੋਣ ਲਈ ਅਸ਼ਵਨੀ ਸੇਖੜੀ ਦੀ ਅਗਵਾਈ ਹੇਠ ਆਗੂਆਂ ਅਤੇ ਵਰਕਰਾਂ ਦਾ ਇਕ ਵੱਡਾ ਕਾਫਿਲਾ ਰਵਾਨਾ ਹੋਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਬਿਨਾਂ ਕਿਸੇ ਪੱਖਪਾਤ ਦੇ ਦਿੱਤਾ ਜਾ ਰਿਹਾ ਹੈ ਅਤੇ ਭਾਜਪਾ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਇਤਿਹਾਸਕ ਜਿੱਤ ਦਰਜ ਕਰੇਗੀ। ਇਸ ਮੌਕੇ ਕੁਲਭੂਸ਼ਣ ਵਿਗ, ਰਮੇਸ਼ ਕਾਮਰੇਡ, ਕੀਮਤੀ ਲਾਲ, ਇੰਦਰਪਾਲ ਹਾਂਡਾ, ਅਨੂਪ ਮਹਿਤਾ, ਦਵਿੰਦਰ ਸ਼ਰਮਾ, ਕਿਸ਼ਨ ਲਾਲ ਆਦਿ ਹਾਜ਼ਰ ਸਨ।

ਪਿੰਡ ਗੱਜੂਗਾਜ਼ੀ 'ਚ ਹਾਕੀ ਟੂਰਨਾਮੈਂਟ ਕਰਵਾਇਆ

ਟੂਰਨਾਮੈਂਟ ਦੌਰਾਨ ਖਿਡਾਰੀਆਂ ਨਾਲ ਜਾਣ-ਪਛਾਣ ਕਰਦੇ ਲੰਬੜਦਾਰ ਅਮਰੀਕ ਸਿੰਘ ਅਤੇ (ਸੱਜੇ) ਪ੍ਰਬੰਧਕ ਮੁੱਖ ਮਹਿਮਾਨ ਨੂੰ ਸਨਮਾਨਿਤ ਕਰਦੇ ਹੋਏ। (ਗੁਰਪ੍ਰੀਤ)

ਬਟਾਲਾ, 18 ਫਰਵਰੀ (ਸਾਹਿਲ, ਯੋਗੀ) : ਨੇੜਲੇ ਪਿੰਡ ਗੱਜੂਗਾਜ਼ੀ ਦੀ ਗ੍ਰਾਮ ਪੰਚਾਇਤ ਅਤੇ ਪ੍ਰਬੰਧਕ ਕਮੇਟੀ ਵੱਲੋਂ ਸ਼ਾਨਦਾਰ ਹਾਕੀ ਟੂਰਨਾਮੈਂਟ ਕਰਵਾਇਆ ਗਿਆ। ਇਸ ਸਮਾਗਮ 'ਚ ਬਟਾਲਾ ਤੋਂ ਲੰਬੜਦਾਰ ਅਮਰੀਕ ਸਿੰਘ, ਗਿਫਟੀ ਮੱਲ੍ਹੀ, ਗੁਰਪ੍ਰੀਤ ਸਿੰਘ ਗੋਪੀ, ਮਨਬੀਰ ਸਿੰਘ ਸੰਧੂ ਅਤੇ ਅਵਨੀਤ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।

ਮੁੱਖ ਮਹਿਮਾਨ ਲੰਬੜਦਾਰ ਅਮਰੀਕ ਸਿੰਘ ਨੇ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਬਚਾਉਣ ਲਈ ਖੇਡਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਪਿੰਡ ਦੀ ਪੰਚਾਇਤ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਟੂਰਨਾਮੈਂਟਾਂ ਨਾਲ ਨੌਜਵਾਨਾਂ 'ਚ ਖੇਡਾਂ ਪ੍ਰਤੀ ਉਤਸ਼ਾਹ ਪੈਦਾ ਹੁੰਦਾ ਹੈ ਅਤੇ ਸਮਾਜ ਵਿਚ ਚੰਗਾ ਸੁਨੇਹਾ ਜਾਂਦਾ ਹੈ।

ਟੂਰਨਾਮੈਂਟ ਦੀ ਪ੍ਰਬੰਧਕ ਕਮੇਟੀ ਵੱਲੋਂ ਮੁੱਖ ਮਹਿਮਾਨ ਲੰਬੜਦਾਰ ਅਮਰੀਕ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ 'ਚ ਖੇਡ ਪ੍ਰੇਮੀ ਅਤੇ ਪਿੰਡ ਨਿਵਾਸੀ ਹਾਜ਼ਰ ਸਨ।

22 ਦੇ ਧਰਨੇ ਦੀਆਂ ਤਿਆਰੀਆਂ ਸਬੰਧੀ ਕਿਰਤੀ ਯੂਨੀਅਨ ਨੇ ਕੀਤੀ ਮੀਟਿੰਗ

ਮੀਟਿੰਗ ਦੌਰਾਨ ਜਾਣਕਾਰੀ ਦਿੰਦੇ ਹੋਏ ਕਿਸਾਨ ਆਗੂ। (ਗੋਰਾਇਆ)

ਬਹਿਰਾਮਪੁਰ, 18 ਫਰਵਰੀ (ਗੋਰਾਇਆ) : ਕਿਰਤੀ ਕਿਸਾਨ ਯੂਨੀਅਨ ਵੱਲੋਂ ਭਾਰਤ ਅਤੇ ਅਮਰੀਕਾ ਦਰਮਿਆਨ ਹੋਏ ਵਪਾਰਕ ਸਮਝੌਤੇ ਵਿਰੁੱਧ ਕਿਸਾਨਾਂ-ਮਜ਼ਦੂਰਾਂ ਨੂੰ ਜਾਗਰੂਕ ਕਰਨ ਲਈ ਪਿੰਡ ਮੰਦੀਪੁਰ ਵਿਖੇ ਮੀਟਿੰਗ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ 22 ਫਰਵਰੀ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਭਾਰਤੀ ਜਨਤਾ ਪਾਰਟੀ ਅਤੇ ਆਮ ਆਦਮੀ ਪਾਰਟੀ ਦੇ ਮੰਤਰੀਆਂ ਅਤੇ ਉਸ ਤੋਂ ਦਫ਼ਤਰਾਂ ਅੱਗੇ ਧਰਨੇ ਦਿੱਤੇ ਜਾ ਰਹੇ ਹਨ। ਧਰਨਿਆਂ ਦੀਆਂ ਤਿਆਰੀਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਸਤਬੀਰ ਸਿੰਘ ਸੁਲਤਾਨੀ ਅਤੇ ਰੰਜਨ ਸਿੰਘ ਦੋਰਾਂਗਲਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਖੇਤੀ ਖੇਤਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਲਈ ਬਿਜਲੀ ਸੋਧ ਬਿੱਲ 2025, ਬੀਜ ਬਿੱਲ 2025 ਅਤੇ ਪੈਸਟੀਸਾਈਡ ਬਿੱਲ ਲਿਆ ਰਹੀ ਹੈ। ਉਨ੍ਹਾਂ ਇਲਜ਼ਾਮ ਲਾਇਆ ਕਿ ਅਮਰੀਕਾ ਨਾਲ ਹੋਏ ਕਰ-ਮੁਕਤ ਵਪਾਰ ਸਮਝੌਤੇ ਕਾਰਨ ਭਾਰਤ ਦੇ ਡੇਅਰੀ, ਪੋਲਟਰੀ ਅਤੇ ਬਾਗ਼ਬਾਨੀ ਖੇਤਰ ਤਬਾਹ ਹੋ ਜਾਣਗੇ।

ਕਿਸਾਨ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਅਮਰੀਕਾ ਤੋਂ ਬਿਨਾਂ ਕਿਸੇ ਟੈਕਸ ਦੇ ਖੇਤੀ ਉਤਪਾਦ ਭਾਰਤ ਆਉਣੇ ਸ਼ੁਰੂ ਹੋ ਗਏ ਤਾਂ ਦੇਸ਼ ਦੇ ਕਿਸਾਨ ਦੀਆਂ ਫ਼ਸਲਾਂ ਰੁਲ ਜਾਣਗੀਆਂ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਬਿਜਲੀ ਸੋਧ ਬਿੱਲ ਅਤੇ ਅਮਰੀਕਾ ਨਾਲ ਕੀਤੇ ਸਮਝੌਤੇ ਤੁਰੰਤ ਰੱਦ ਕੀਤੇ ਜਾਣ। ਇਸ ਮੌਕੇ ਸਵਿੰਦਰ ਸਿੰਘ, ਅੰਗਰੇਜ਼ ਸਿੰਘ, ਸੁਰਜੀਤ ਸਿੰਘ, ਰੂਪ ਲਾਲ, ਪ੍ਰੇਮ ਕੁਮਾਰ, ਤਰਸੇਮ ਸਿੰਘ ਅਤੇ ਬਲਵੰਤ ਸਿੰਘ ਸਮੇਤ ਕਈ ਕਿਸਾਨ ਆਗੂ ਹਾਜ਼ਰ ਸਨ।

ਸ਼ਹਿਰ ਦੀਆਂ ਸਰਗਰਮੀਆਂ

ਜ਼ਿਲਾ ਸਿੱਖਿਆ ਅਫ਼ਸਰ ਰਾਜੇਸ਼ ਸ਼ਰਮਾ ਦਾ ਸਨਮਾਨ

ਫਤਿਹਗੜ੍ਹ ਚੂੜੀਆਂ, (ਬਿਕਰਮਜੀਤ)-ਡੀ. ਡੀ. ਆਈ. ਸਕੂਲ (ਪਿੰਡ ਪਿੰਡੀ) ਦੇ ਐੱਮ. ਡੀ. ਇੰਦਰਜੀਤ ਸਿੰਘ ਭਾਟੀਆ ਵੱਲੋਂ ਅੱਜ ਜ਼ਿਲਾ ਸਿੱਖਿਆ ਅਫ਼ਸਰ (ਸੈਕੰਡਰੀ) ਅੰਮ੍ਰਿਤਸਰ ਰਾਜੇਸ਼ ਸ਼ਰਮਾ ਨੈਸ਼ਨਲ ਐਵਾਰਡੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਐੱਮ. ਡੀ. ਭਾਟੀਆ ਨੇ ਉਨ੍ਹਾਂ ਦੇ ਦਫ਼ਤਰ ਵਿਖੇ ਪਹੁੰਚ ਕੇ ਗੁਲਦਸਤਾ ਭੇਟ ਕਰਦਿਆਂ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਐੱਮ. ਡੀ. ਭਾਟੀਆ ਨੇ ਰਾਜੇਸ਼ ਸ਼ਰਮਾ ਨਾਲ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਸਬੰਧੀ ਅਹਿਮ ਵਿਚਾਰਾਂ ਕੀਤੀਆਂ। ਇਸ ਮੌਕੇ ਡੀ. ਈ. ਓ. ਸ਼ਰਮਾ ਨੇ ਐੱਮ. ਡੀ. ਭਾਟੀਆ ਅਤੇ ਪਲਵਿੰਦਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦਾ ਭਵਿੱਖ ਉੱਜਵਲ ਬਣਾਉਣਾ ਹੈ, ਜਿਸ ਲਈ ਸਿੱਖਿਆ ਵਿਭਾਗ ਪੂਰੀ ਤਰ੍ਹਾਂ ਵਚਨਬੱਧ ਹੈ।

ਆਟੋ ਚਾਲਕਾਂ ਨੂੰ ਟ੍ਰੈਫਿਕ ਨਿਯਮਾਂ ਤੋਂ ਕਰਵਾਇਆ ਜਾਣੂ

ਗੁਰਦਾਸਪੁਰ, (ਵਿਨੋਦ) : ਟ੍ਰੈਫਿਕ ਪੁਲਸ ਗੁਰਦਾਸਪੁਰ ਵੱਲੋਂ ਅੱਜ ਪੁਰਾਣੇ ਬੱਸ ਸਟੈਂਡ 'ਤੇ ਟ੍ਰੈਫਿਕ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ। ਇਸ ਦੌਰਾਨ ਏ. ਐੱਸ. ਆਈ. ਅਮਨਦੀਪ ਸਿੰਘ ਅਤੇ ਸੰਜੀਵ ਕੁਮਾਰ ਵੱਲੋਂ ਮਿੰਨੀ ਆਟੋ ਚਾਲਕਾਂ ਅਤੇ ਆਮ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਗਈ। ਪੁਲਸ ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੜਕੀ ਹਾਦਸਿਆਂ ਨੂੰ ਰੋਕਣ ਲਈ ਹਮੇਸ਼ਾ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ, ਨਾਲ ਹੀ ਉਨ੍ਹਾਂ ਨੇ ਹਾਦਸਾ ਪੀੜਤ ਵਿਅਕਤੀ ਦੀ ਮਦਦ ਲਈ ਅੱਗੇ ਆਉਣ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਬਚਣ ਲਈ ਵੀ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਕ ਜ਼ਿੰਮੇਵਾਰ ਨਾਗਰਿਕ ਵਜੋਂ ਸਾਨੂੰ ਸੜਕ 'ਤੇ ਚੱਲਦਿਆਂ ਆਪਣੀ ਅਤੇ ਦੂਜਿਆਂ ਦੀ ਸੁਰੱਖਿਆ ਦਾ ਪੂਰਾ ਧਿਆਨ ਰੱਖਣਾ ਚਾਹੀਦਾ ਹੈ। (ਮਨੀ)

ਬਸਰਾਵਾਂ ਤੋਂ ਅਕਾਲੀ ਵਰਕਰਾਂ ਨੇ ਕਾਦੀਆਂ ਰੈਲੀ 'ਚ ਕੀਤੀ ਸ਼ਮੂਲੀਅਤ

ਬਟਾਲਾ, (ਬੇਰੀ)-ਵਿਧਾਨ ਸਭਾ ਹਲਕਾ ਕਾਦੀਆਂ 'ਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਕਾਦੀਆਂ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਦੀ ਅਗਵਾਈ 'ਚ ਵੱਡੀ ਰੈਲੀ ਹੋਈ, ਜਿਸ 'ਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਵਿਚਾਰ ਸੁਣਨ ਲਈ ਪਿੰਡ ਬਸਰਾਵਾਂ ਤੋਂ ਬਹੁਤ ਵੱਡਾ ਜਥਾ ਡਾ. ਜਗੀਰ ਸਿੰਘ ਧਰਮਸੋਤ ਮੈਂਬਰ ਬਲਾਕ ਸੰਮਤੀ ਤੇ ਸੀਨੀਅਰ ਅਕਾਲੀ ਆਗੂ ਦੀ ਅਗਵਾਈ 'ਚ ਦਾਣਾ ਮੰਡੀ ਕਾਦੀਆਂ ਦੀ ਰੈਲੀ 'ਚ ਪਹੁੰਚੇ। ਇਸ ਮੌਕੇ ਜਸਬੀਰ ਸਿੰਘ ਨੰਬਰਦਾਰ, ਮਨਜੀਤ ਸਿੰਘ ਸਾਬਕਾ ਸਰਪੰਚ, ਮਨਪ੍ਰੀਤ ਸਿੰਘ ਮੈਂਬਰ ਪੰਚਾਇਤ, ਨਿਸ਼ਾਨ ਸਾਬਕਾ ਮੈਂਬਰ ਪੰਚਾਇਤ ਗੁਰਨਾਮ ਸਿੰਘ ਬੋਹੜੀ ਸਾਹਿਬ, ਜੋਗਾ ਸਿੰਘ ਬੋਹੜੀ ਸਾਹਿਬ, ਕੁਲਵੰਤ ਸਿੰਘ ਲਾਲੀ, ਰਾਮ ਸਿੰਘ, ਬਲਵਿੰਦਰ ਸਿੰਘ, ਗੁਰਨਾਮ ਸਿੰਘ, ਸੁੱਚਾ ਸਿੰਘ, ਮਨਜੀਤ ਸਿੰਘ ਆਦਿ ਹਾਜ਼ਰ ਸਨ। (ਪੱਪੂ)

ਬੱਚਿਆਂ ਦੀ ਡਰਾਇੰਗ ਪ੍ਰਤੀਯੋਗਤਾ ਕਰਵਾਈ

ਦੋਰਾਂਗਲਾ, (ਨੰਦਾ): ਡਿਵਾਈਨ ਲਾਈਟ ਮਾਲ ਤਾਜਪੁਰ (ਦੋਰਾਂਗਲਾ) ਵਿਖੇ ਨਰਸਰੀ ਦੇ ਬੱਚਿਆਂ ਦੀ ਡਰਾਇੰਗ ਪ੍ਰਤੀਯੋਗਤਾ ਕਰਵਾਈ ਗਈ। ਇਸ ਦੌਰਾਨ ਨਰਸਰੀ ਜਮਾਤ ਦੇ ਵਿਦਿਆਰਥੀ ਦਿਵਿਆਂਸ਼ ਸ਼ਰਮਾ ਦੁਸ਼ੂਜੀ ਨੇ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਇੰਜੀਨੀਅਰ ਨਿਤਿਨ ਸ਼ਰਮਾ, ਪ੍ਰਿੰਸੀਪਲ ਸੁਨੀਤਾ ਸਿੰਘ ਅਤੇ ਅਧਿਆਪਕਾਂ ਨੇ ਜੇਤੂ ਵਿਦਿਆਰਥੀ ਨੂੰ ਮੁਬਾਰਕਬਾਦ ਦਿੱਤੀ ਅਤੇ ਉਸ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੀਆਂ ਪ੍ਰਤੀਯੋਗਤਾਵਾਂ ਬੱਚਿਆਂ ਦੀ ਕਲਾਤਮਕ ਯੋਗਤਾ ਨੂੰ ਨਿਖਾਰਨ ਅਤੇ ਉਨ੍ਹਾਂ 'ਚ ਆਤਮ-ਵਿਸ਼ਵਾਸ ਪੈਦਾ ਕਰਨ ਲਈ ਬਹੁਤ ਲਾਭਦਾਇਕ ਸਾਬਤ ਹੁੰਦੀਆਂ ਹਨ।

ਮਨਦੀਪ ਰੰਗੜ ਨੰਗਲ ਨੇ ਸੂਬਾ ਕਾਂਗਰਸ ਇੰਚਾਰਜ ਭੂਪੇਸ਼ ਬਘੇਲ ਅਤੇ ਪ੍ਰਧਾਨ ਰਾਜਾ ਵੜਿੰਗ ਨਾਲ ਕੀਤੀ ਮੁਲਾਕਾਤ

ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੀ ਸਿਆਸੀ ਸਥਿਤੀ ਅਤੇ 2027 ਦੀਆਂ ਚੋਣਾਂ ਬਾਰੇ ਹੋਈ ਚਰਚਾ

ਭੂਪੇਸ਼ ਬਘੇਲ ਅਤੇ ਰਾਜਾ ਵੜਿੰਗ ਨਾਲ ਮੁਲਾਕਾਤ ਦੌਰਾਨ ਮਨਦੀਪ ਸਿੰਘ ਰੰਗੜ ਨੰਗਲ ਤੇ ਹੋਰ। (ਗੋਰਾ ਚਾਹਲ)

ਬਟਾਲਾ/ਸ੍ਰੀ ਅੱਚਲ ਸਾਹਿਬ, 18 ਫਰਵਰੀ (ਬੇਰੀ, ਗੋਰਾ ਚਾਹਲ) : ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਅਤੇ ਐੱਸ.ਸੀ. ਸੈੱਲ ਦੇ ਚੇਅਰਮੈਨ ਮਨਦੀਪ ਸਿੰਘ ਰੰਗੜ ਨੰਗਲ ਨੇ ਅੱਜ ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ ਅਤੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਨੇ ਹਾਈਕਮਾਂਡ ਨੂੰ ਹਲਕੇ ਦੀ ਮੌਜੂਦਾ ਸਿਆਸੀ ਸਥਿਤੀ ਤੋਂ ਜਾਣੂ ਕਰਵਾਇਆ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਬਾਰੇ ਵਿਚਾਰ-ਵਟਾਂਦਰਾ ਕੀਤਾ।

ਮਨਦੀਪ ਸਿੰਘ ਰੰਗੜ ਨੰਗਲ ਨੇ ਦੱਸਿਆ ਕਿ ਪਾਰਟੀ ਇੰਚਾਰਜ ਭੂਪੇਸ਼ ਬਘੇਲ ਅਤੇ ਪ੍ਰਧਾਨ ਰਾਜਾ ਵੜਿੰਗ ਨੇ ਉਨ੍ਹਾਂ ਨੂੰ ਕਾਂਗਰਸ ਦੀਆਂ ਨੀਤੀਆਂ ਘਰ-ਘਰ ਪਹੁੰਚਾਉਣ ਅਤੇ ਵਰਕਰਾਂ ਨੂੰ ਲਾਮਬੱਧ ਕਰਨ ਦੇ ਦਿਸ਼ਾ-ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਹੀ ਇਕ ਅਜਿਹੀ ਪਾਰਟੀ ਹੈ ਜੋ ਹਰ ਵਰਗ ਨੂੰ ਨਾਲ ਲੈ ਕੇ ਚੱਲਦੀ ਹੈ ਅਤੇ ਪੰਜਾਬ ਦੇ ਹਿੱਤਾਂ ਲਈ ਕੰਮ ਕਰਦੀ ਹੈ।

ਰੰਗੜ ਨੰਗਲ ਨੇ ਦਾਅਵਾ ਕੀਤਾ ਕਿ ਸੂਬੇ 'ਚ ਕਾਂਗਰਸ ਲਗਾਤਾਰ ਮਜ਼ਬੂਤ ਹੋ ਰਹੀ ਹੈ, ਜਿਸ ਕਾਰਨ ਵਿਰੋਧੀ ਪਾਰਟੀਆਂ ਘਬਰਾਈਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ 'ਚ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਕਾਂਗਰਸ ਪਾਰਟੀ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਪੂਰੀ ਤਾਕਤ ਨਾਲ ਲੜੇਗੀ ਅਤੇ ਵੱਡੀ ਜਿੱਤ ਹਾਸਲ ਕਰੇਗੀ। ਇਸ ਮੌਕੇ ਐੱਸ.ਸੀ. ਸੈੱਲ ਦੇ ਪ੍ਰਧਾਨ ਕੁਲਦੀਪ ਸਿੰਘ ਵੈਦ ਅਤੇ ਓ.ਬੀ.ਸੀ. ਪ੍ਰਧਾਨ ਰਾਜ ਬਖਸ਼ੀ ਕੰਬੋਜ ਵੀ ਹਾਜ਼ਰ ਸਨ।

'ਸੁਨਹਿਰਾ ਭਾਰਤ' ਵੱਲੋਂ ਲਗਾਏ ਮੈਡੀਕਲ ਕੈਂਪ ਦਾ ਅਨੇਕਾਂ ਮਰੀਜ਼ਾਂ ਨੇ ਲਿਆ ਲਾਭ

'ਸੁਨਹਿਰਾ ਭਾਰਤ' ਪੰਜਾਬ ਦੀ ਬਟਾਲਾ ਯੂਨਿਟ ਵੱਲੋਂ ਲਾਏ ਮੈਡੀਕਲ ਕੈਂਪ ਦੀਆਂ ਤਸਵੀਰਾਂ। (ਪੱਪੂ)

ਬਟਾਲਾ/ਕਿਲ੍ਹਾ ਲਾਲ ਸਿੰਘ, 18 ਫਰਵਰੀ (ਬੇਰੀ, ਭਗਤ): 'ਸੁਨਹਿਰਾ ਭਾਰਤ' ਪੰਜਾਬ ਦੀ ਬਟਾਲਾ ਯੂਨਿਟ ਵੱਲੋਂ ਮਹਾਸ਼ਿਵਰਾਤਰੀ ਮੌਕੇ ਅਰਬਨ ਅਸਟੇਟ ਸਥਿਤ ਹਰੀ ਮੰਦਰ ਵਿਖੇ ਵਿਸ਼ਾਲ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ 'ਚ ਬਾਜਵਾ ਹਸਪਤਾਲ ਤੋਂ ਅੱਖਾਂ ਦੇ ਮਾਹਿਰ ਡਾਕਟਰ ਆਰ. ਐੱਸ. ਬਾਜਵਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਵਿਸ਼ੇਸ਼ ਮਹਿਮਾਨਾਂ ਵਜੋਂ ਭਾਜਪਾ ਦੇ ਜ਼ਿਲਾ ਪ੍ਰਧਾਨ ਹਰਸਿਮਰਤ ਸਿੰਘ ਹੀਰਾ ਵਾਲੀਆ, ਐਡਵੋਕੇਟ ਰਣਦੀਪ ਸਿੰਘ ਬੇਦੀ, ਮਨਬੀਰ ਸਿੰਘ ਰੰਧਾਵਾ ਅਤੇ ਅੰਬਿਕਾ ਖੰਨਾ ਨੇ ਸ਼ਿਰਕਤ ਕੀਤੀ।

ਕਲਸੀ ਕੇ. ਜੇ. ਹਸਪਤਾਲ ਦੇ ਸਹਿਯੋਗ ਨਾਲ ਲਗਾਏ ਕੈਂਪ ਦੌਰਾਨ ਸੁਨਹਿਰਾ ਭਾਰਤ ਦੇ ਪ੍ਰਧਾਨ ਜੋਗਿੰਦਰ ਅੰਗੂਰਾਲਾ ਨੇ ਮਾਨਵਤਾ ਦੀ ਸੇਵਾ ਨੂੰ ਸਭ ਤੋਂ ਵੱਡਾ ਕਾਰਜ ਦੱਸਿਆ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਖ਼ੂਨਦਾਨ ਕੈਂਪ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਵਰਗੇ ਕਈ ਪ੍ਰੋਜੈਕਟ ਚਲਾਏ ਜਾ ਰਹੇ ਹਨ। ਕੈਂਪ ਦੇ ਇੰਚਾਰਜ ਇਸ਼ੂ ਰਾਂਚਲ ਅਤੇ ਜ਼ਿਲਾ ਪ੍ਰਧਾਨ ਰਵੀ ਸ਼ਰਮਾ ਨੇ ਦੱਸਿਆ ਕਿ ਮਰੀਜ਼ਾਂ ਦੇ ਮੁਫ਼ਤ ਟੈਸਟ ਕੀਤੇ ਗਏ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਸੰਸਥਾ ਦੇ ਅਹੁਦੇਦਾਰਾਂ ਨੇ ਹਰੀ ਮੰਦਰ ਪ੍ਰਬੰਧਕ ਕਮੇਟੀ ਅਤੇ ਸਹਿਯੋਗੀ ਹਸਪਤਾਲਾਂ ਦੀਆਂ ਟੀਮਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਉਣ ਵਾਲੇ ਸਮੇਂ 'ਚ ਵੀ ਅਜਿਹੇ ਲੋਕ ਭਲਾਈ ਦੇ ਕਾਰਜ ਜਾਰੀ ਰਹਿਣਗੇ। ਇਸ ਮੌਕੇ ਮੈਨੇਜਰ ਅਤਰ ਸਿੰਘ, ਰਕੇਸ਼ ਜੁਲਕਾ, ਲਵਲੀ ਕੁਮਾਰ, ਐਡਵੋਕੇਟ ਅਮਨਦੀਪ ਸਿੰਘ, ਡਾ. ਸੁਮਿਤ ਬਾਜਵਾ, ਡਾ. ਸੂਰਜ ਬਾਜਵਾ, ਡਾ. ਮੋਨਿਜ਼ਾ, ਫਾਰਮਾਸਿਸਟ ਗਗਨ ਅਤੇ ਸਤਪਾਲ ਸਲਹੋਤਰਾ ਆਦਿ ਹਾਜ਼ਰ ਸਨ।

ਮਾਨਸਿਕ ਸਿਹਤ ਦੇ ਖੇਤਰ 'ਚ ਕ੍ਰਾਂਤੀ ਲਿਆ ਰਿਹਾ 'ਟੈਲੀ-ਮਾਨਸ' ਪ੍ਰਾਜੈਕਟ : ਡਾ. ਵਰਿੰਦਰ ਮੋਹਨ

ਗੁਰਦਾਸਪੁਰ, 18 ਫਰਵਰੀ (ਹਰਮਨ)- ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਅਤੇ ਮਾਨਸਿਕ ਤੰਦਰੁਸਤੀ 'ਚ ਵਾਧਾ ਕਰਨ ਦੇ ਮਕਸਦ ਨਾਲ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤਾ ਗਿਆ 'ਟੈਲੀ-ਮਾਨਸ' ਪ੍ਰਾਜੈਕਟ ਅੱਜ ਇਕ ਵੱਡੀ ਕ੍ਰਾਂਤੀ ਵਜੋਂ ਉੱਭਰਿਆ ਹੈ।

ਇਸ ਸਬੰਧੀ ਸਾਂਝੀ ਕਰਦਿਆਂ ਗੁਰਦਾਸਪੁਰ ਦੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਵਰਿੰਦਰ ਮੋਹਨ ਨੇ ਦੱਸਿਆ ਕਿ ਇਹ ਇਕ ਟੋਲ-ਫ੍ਰੀ ਹੈਲਪਲਾਈਨ ਸੇਵਾ ਹੈ, ਜੋ ਪੂਰੇ ਭਾਰਤ 'ਚ 24 ਘੰਟੇ ਮੁਫ਼ਤ ਮਾਨਸਿਕ ਸਿਹਤ ਸਲਾਹ ਪ੍ਰਦਾਨ ਕਰਦੀ ਹੈ।

ਉਨ੍ਹਾਂ ਦੱਸਿਆ ਕਿ ਇਹ ਸੇਵਾ 20 ਤੋਂ ਵੱਧ ਭਾਸ਼ਾਵਾਂ 'ਚ ਉਪਲਬਧ ਹੈ ਅਤੇ ਉਪਭੋਗਤਾ ਘਰ ਬੈਠੇ ਹੀ ਆਪਣੇ ਫ਼ੋਨ ਰਾਹੀਂ ਟੋਲ-ਫ੍ਰੀ ਨੰਬਰ 1800-89-14416 ਜਾਂ 14416 ਰਾਹੀਂ ਇਸ ਸਹੂਲਤ ਦਾ ਆਸਾਨੀ ਨਾਲ ਲਾਭ ਉਠਾ ਸਕਦੇ ਹਨ। ਡਾ. ਮੋਹਨ ਨੇ ਵਿਸ਼ੇਸ਼ ਤੌਰ 'ਤੇ ਦੱਸਿਆ ਕਿ ਟੈਲੀ-ਮਾਨਸ ਪੰਜਾਬ ਨੇ ਇਸ ਸਾਲ 35,000 ਤੋਂ ਵੱਧ ਕਾਲਾਂ ਸੁਣਨ ਦਾ ਇਕ ਵੱਡਾ ਮੀਲ ਪੱਥਰ ਸਥਾਪਿਤ ਕੀਤਾ ਹੈ। ਇਸ ਪ੍ਰਾਜੈਕਟ ਦੀ ਸਭ ਤੋਂ ਅਹਿਮ ਵਿਸ਼ੇਸ਼ਤਾ ਇਹ ਹੈ ਕਿ ਕਾਲਰ ਜਾਂ ਮਰੀਜ਼ ਦੀ ਸਾਰੀ ਜਾਣਕਾਰੀ ਪੂਰੀ ਤਰ੍ਹਾਂ ਗੁਪਤ ਰੱਖੀ ਜਾਂਦੀ ਹੈ। ਟੈਲੀ-ਮਾਨਸ ਦੀ ਆਪਣੀ ਮੋਬਾਈਲ ਐਪ ਵੀ ਹੈ, ਜਿਸ ਰਾਹੀਂ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਚਿੰਤਾ, ਪ੍ਰੀਖਿਆਵਾਂ ਦਾ ਤਣਾਅ, ਡਿਪਰੈਸ਼ਨ, ਵਿੱਤੀ ਤਣਾਅ ਅਤੇ ਪਰਿਵਾਰਕ ਮੁੱਦਿਆਂ ਵਰਗੀਆਂ ਗੰਭੀਰ ਸਮੱਸਿਆਵਾਂ ਬਾਰੇ ਮਾਹਿਰਾਂ ਵੱਲੋਂ ਸਲਾਹ ਦਿੱਤੀ ਜਾਂਦੀ ਹੈ। ਇਸ ਸੇਵਾ ਰਾਹੀਂ ਉਪਭੋਗਤਾ ਆਪਣੀ ਲੋੜ ਅਨੁਸਾਰ ਸਲਾਹਕਾਰਾਂ, ਸਮਾਜ ਸੇਵਕਾਂ ਅਤੇ ਮਨੋਵਿਗਿਆਨੀਆਂ ਨਾਲ ਸਿੱਧਾ ਜੁੜ ਸਕਦੇ ਹਨ।

ਡਾ. ਮੋਹਨ ਨੇ ਅਪੀਲ ਕੀਤੀ ਕਿ ਮਾਨਸਿਕ ਪਰੇਸ਼ਾਨੀ ਦੀ ਸੂਰਤ ਵਿੱਚ ਬਿਨਾਂ ਕਿਸੇ ਝਿਜਕ ਦੇ ਇਸ ਸਰਕਾਰੀ ਸਹੂਲਤ ਦਾ ਫ਼ਾਇਦਾ ਲਿਆ ਜਾਵੇ।

ਵਿਧਾਇਕ ਪਾਹੜਾ ਨੇ ਡੀ. ਆਈ. ਐੱਸ. ਐੱਚ. ਏ. ਦੀ ਮੀਟਿੰਗ 'ਚ ਕੂੜੇ ਦੇ ਪ੍ਰਬੰਧਨ ਦਾ ਮੁੱਦਾ ਉਠਾਇਆ

ਗੁਰਦਾਸਪੁਰ, 18 ਫਰਵਰੀ (ਵਿਨੋਦ) : ਗੁਰਦਾਸਪੁਰ ਸ਼ਹਿਰ 'ਚ ਕੂੜੇ ਦੇ ਨਿਪਟਾਰੇ ਨੂੰ ਲੈ ਕੇ ਪੈਦਾ ਹੋਇਆ ਗੰਭੀਰ ਸੰਕਟ ਹੁਣ ਪ੍ਰਸ਼ਾਸਨ ਅਤੇ ਸਿਆਸਤਦਾਨਾਂ ਵਿਚਾਲੇ ਟਕਰਾਅ ਦਾ ਰੂਪ ਧਾਰਨ ਕਰ ਗਿਆ ਹੈ। ਬੀਤੇ ਦਿਨੀਂ ਜ਼ਿਲਾ ਵਿਕਾਸ ਤਾਲਮੇਲ ਅਤੇ ਮੋਨੀਟਰਿੰਗ ਕਮੇਟੀ (ਡੀ. ਆਈ. ਐੱਸ. ਐੱਚ. ਏ.) ਦੀ ਮੀਟਿੰਗ 'ਚ ਹਲਕਾ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਨੇ ਇਹ ਮੁੱਦਾ ਉਠਾਇਆ।

ਵਿਧਾਇਕ ਪਾਹੜਾ ਨੇ ਮੀਟਿੰਗ ਦੌਰਾਨ ਪ੍ਰਸ਼ਾਸਨਿਕ ਅਧਿਕਾਰੀਆਂ 'ਤੇ ਵਰ੍ਹਦਿਆਂ ਕਿਹਾ ਕਿ ਸ਼ਹਿਰ 'ਚ ਰੋਜ਼ਾਨਾ 18 ਤੋਂ 20 ਟਨ ਕੂੜਾ ਇਕੱਠਾ ਹੁੰਦਾ ਹੈ ਪਰ ਡਿਪਟੀ ਕਮਿਸ਼ਨਰ ਅਤੇ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਕੂੜਾ ਡੰਪ ਕਰਨ ਵਾਲੀਆਂ ਸਾਈਟਾਂ 'ਤੇ ਰੋਕ ਲਗਾਉਣ ਕਾਰਨ ਸ਼ਹਿਰ ਨਰਕ ਬਣ ਰਿਹਾ ਹੈ। ਉਨ੍ਹਾਂ ਹਲਕਾ ਸੰਸਦ ਮੈਂਬਰ ਨੂੰ ਅਪੀਲ ਕੀਤੀ ਕਿ ਕੇਂਦਰ ਸਰਕਾਰ ਨੂੰ ਚਿੱਠੀ ਲਿਖ ਕੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੀ ਟੀਮ ਪਾਸੋਂ ਜਾਂਚ ਕਰਵਾਈ ਜਾਵੇ ਅਤੇ ਲਾਪਰਵਾਹ ਅਧਿਕਾਰੀਆਂ ਦੀ ਜੇਬ 'ਚੋਂ ਜ਼ੁਰਮਾਨਾ ਭਰਵਾਇਆ ਜਾਵੇ।

ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਕੂੜਾ ਸੁੱਟਣ ਲਈ ਤੁਰੰਤ ਜਗ੍ਹਾ ਦਾ ਪ੍ਰਬੰਧ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ 'ਚ ਸ਼ਹਿਰ ਦਾ ਸਾਰਾ ਕੂੜਾ ਡਿਪਟੀ ਕਮਿਸ਼ਨਰ ਅਤੇ ਏ. ਡੀ. ਸੀ. ਦੇ ਰਿਹਾਇਸ਼ੀ ਘਰਾਂ ਦੇ ਬਾਹਰ ਸੁੱਟ ਦਿੱਤਾ ਜਾਵੇਗਾ। ਵਿਧਾਇਕ ਦੀ ਇਸ ਬਿਆਨਬਾਜ਼ੀ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵੀ ਕਾਫ਼ੀ ਵਾਇਰਲ ਹੋ ਰਹੀ ਹੈ।

ਕੇਂਦਰ ਸਰਕਾਰ ਦੇਸ਼ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਕਰ ਰਹੀ ਉਪਰਾਲੇ : ਫਤਿਹਜੰਗ ਬਾਜਵਾ

ਬਟਾਲਾ, 18 ਫਰਵਰੀ (ਬੇਰੀ) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਦੇਸ਼ ਦੇ ਹਰ ਵਰਗ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀਨੀਅਰ ਭਾਜਪਾ ਆਗੂ ਅਤੇ ਸਾਬਕਾ ਵਿਧਾਇਕ ਫਤਿਹਜੰਗ ਸਿੰਘ ਬਾਜਵਾ ਨੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਰਕਾਰ ਦੀਆਂ ਬੁਨਿਆਦੀ ਸਹੂਲਤਾਂ ਦਾ ਲਾਭ ਬਿਨਾਂ ਕਿਸੇ ਪੱਖਪਾਤ ਦੇ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਬਾਜਵਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪਿਛਲੇ 11 ਸਾਲਾਂ 'ਚ ਦੇਸ਼ ਵਾਸੀਆਂ ਦੀ ਭਲਾਈ ਲਈ ਅਹਿਮ ਫੈਸਲੇ ਲਏ ਹਨ ਅਤੇ ਲੋਕਾਂ ਨੂੰ ਆਤਮ-ਨਿਰਭਰ ਬਣਾਉਣ ਲਈ ਸ਼ਲਾਘਾਯੋਗ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਬਦੌਲਤ ਅੱਜ ਪੂਰੀ ਦੁਨੀਆ 'ਚ ਭਾਰਤ ਨੇ ਆਪਣਾ ਲੋਹਾ ਮਨਵਾਇਆ ਹੈ। ਸਰਕਾਰ ਦਾ ਮੁੱਖ ਉਦੇਸ਼ ਦੇਸ਼ ਵਾਸੀਆਂ ਨੂੰ ਬਿਹਤਰੀਨ ਸਹੂਲਤਾਂ ਪ੍ਰਦਾਨ ਕਰਨਾ ਹੈ, ਜਿਸ ਲਈ ਦਿਨ-ਰਾਤ ਕੰਮ ਕੀਤਾ ਜਾ ਰਿਹਾ ਹੈ।

ਵਿਰੋਧੀਆਂ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਵੱਲੋਂ ਭਾਜਪਾ ਦੇ ਵਿਰੁੱਧ ਗਲਤ ਪ੍ਰਚਾਰ ਕਰਕੇ ਲੋਕਾਂ ਨੂੰ ਗੁਮਰਾਹ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਸਿਰਫ਼ ਗੱਲਾਂ ਕਰਨ ਤੱਕ ਸੀਮਿਤ ਹਨ, ਜਦਕਿ ਭਾਜਪਾ ਕੰਮ ਕਰਨ 'ਚ ਵਿਸ਼ਵਾਸ ਰੱਖਦੀ ਹੈ। ਬਾਜਵਾ ਨੇ ਦਾਅਵਾ ਕੀਤਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਭਾਜਪਾ ਪੂਰੀ ਤਾਕਤ ਨਾਲ ਲੜੇਗੀ ਅਤੇ ਸੂਬੇ 'ਚ ਆਪਣੀ ਸਰਕਾਰ ਬਣਾਏਗੀ।

ਇੰਦਰੇਸ਼ ਕੁਮਾਰ ਦੇਸ਼ ਦੀ ਏਕਤਾ ਅਤੇ ਭਾਈਚਾਰਕ ਸਾਂਝ ਦੇ ਹਾਮੀ : ਗਿੱਲ

ਇੰਦਰੇਸ਼ ਕੁਮਾਰ ਨਾਲ ਮੁਲਾਕਾਤ ਦੌਰਾਨ ਪਰਮਜੀਤ ਸਿੰਘ ਗਿੱਲ। (ਪੱਪੂ)

ਬਟਾਲਾ, 18 ਫਰਵਰੀ (ਬੇਰੀ, ਵਿਪਨ) : ਹਿਮਾਲਿਆ ਪਰਿਵਾਰ ਸੰਗਠਨ ਦੇ ਕੌਮੀ ਕਾਰਜਕਾਰੀ ਪ੍ਰਧਾਨ ਪਰਮਜੀਤ ਸਿੰਘ ਗਿੱਲ ਨੇ ਸੰਗਠਨ ਦੇ ਰਾਸ਼ਟਰੀ ਸਰਪ੍ਰਸਤ ਇੰਦਰੇਸ਼ ਕੁਮਾਰ ਦੇ ਜਨਮ ਦਿਨ ਮੌਕੇ ਦਿੱਲੀ ਵਿਖੇ ਉਨ੍ਹਾਂ ਦੇ ਨਿਵਾਸ 'ਤੇ ਪਹੁੰਚ ਕੇ ਵਧਾਈ ਦਿੱਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਇੰਦਰੇਸ਼ ਕੁਮਾਰ ਇਕ ਵਿਅਕਤੀ ਨਹੀਂ ਸਗੋਂ ਪੂਰੀ ਸੰਸਥਾ ਹਨ, ਜੋ ਦੇਸ਼ ਨੂੰ ਇਕਜੁੱਟ ਰੱਖਣ ਲਈ ਕੰਮ ਕਰ ਰਹੇ ਹਨ।

ਗਿੱਲ ਨੇ ਦੱਸਿਆ ਕਿ ਇੰਦਰੇਸ਼ ਕੁਮਾਰ ਮੁਸਲਿਮ ਰਾਸ਼ਟਰੀ ਮੰਚ ਦੇ ਮਾਰਗ ਦਰਸ਼ਕ ਹਨ। ਉਨ੍ਹਾਂ ਦਾ ਜਨਮ 18 ਫਰਵਰੀ ਨੂੰ ਪੰਜਾਬ ਦੇ ਸਮਾਣਾ ਵਿਖੇ ਹੋਇਆ ਸੀ ਅਤੇ ਉਨ੍ਹਾਂ ਨੇ ਪੰਜਾਬ ਇੰਜੀਨੀਅਰਿੰਗ ਕਾਲਜ ਚੰਡੀਗੜ੍ਹ ਤੋਂ ਮਕੈਨੀਕਲ ਇੰਜੀਨੀਅਰਿੰਗ ਦੀ ਪੜ੍ਹਾਈ ਕੀਤੀ। ਪੜ੍ਹਾਈ ਪੂਰੀ ਕਰਨ ਤੋਂ ਬਾਅਦ ਉਹ ਰਾਸ਼ਟਰੀ ਸਵੈਮ ਸੇਵਕ ਸੰਘ (ਆਰ.ਐੱਸ.ਐੱਸ.) 'ਚ ਪੂਰੇ ਸਮੇਂ ਦੇ ਪ੍ਰਚਾਰਕ ਵਜੋਂ ਸ਼ਾਮਲ ਹੋ ਗਏ।

ਪਰਮਜੀਤ ਸਿੰਘ ਗਿੱਲ ਨੇ ਕਿਹਾ ਕਿ ਇੰਦਰੇਸ਼ ਕੁਮਾਰ ਮੁਸਲਿਮ ਭਾਈਚਾਰੇ ਨੂੰ ਸਹੀ ਰਸਤੇ 'ਤੇ ਲਿਆਉਣ ਅਤੇ ਰਾਸ਼ਟਰਵਾਦ ਨਾਲ ਜੋੜਨ 'ਚ ਸਫਲ ਰਹੇ ਹਨ, ਜਿਸ ਕਾਰਨ ਅੱਜ ਮੁਸਲਿਮ ਭਾਈਚਾਰਾ ਵੀ ਉਨ੍ਹਾਂ ਨੂੰ ਬਹੁਤ ਸਤਿਕਾਰ ਦਿੰਦਾ ਹੈ। ਉਨ੍ਹਾਂ ਕਿਹਾ ਕਿ ਇੰਦਰੇਸ਼ ਕੁਮਾਰ ਨੇ ਆਪਣਾ ਪੂਰਾ ਜੀਵਨ ਦੇਸ਼ ਦੀ ਸੇਵਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਸਮਰਪਿਤ ਕਰ ਦਿੱਤਾ ਹੈ।

ਪੰਜਾਬ ਨੈਸ਼ਨਲ ਬੈਂਕ ...ਭਿਹਤਰੀ ਲਈ ਇਕਜੁੱਟ
ਸਰਕਲ ਆਫਿਸ, ਨੇੜੇ ਕਮਲ ਸਵੀਟਸ, ਮਿਸ਼ਨ ਰੋਡ, ਪਠਾਨਕੋਟ-145001
ਫੋਨ ਨੰ. 9115554320,
ਈ-ਮੇਲ : copathansam@pnb.bank.in
ਈ-ਨਿਲਾਮੀ/ ਵਿਕਰੀ ਨੋਟਿਸ

ਸਰਫੇਸੀ ਐਕਟ ਦੇ ਸਕਿਓਰਿਟੀ ਇੰਟਰਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 6 ਤੇ 9 ਨਾਲ ਪੜ੍ਹੇ ਜਾਂਦੇ ਰੂਲ 6(2) ਤੇ 8(6) ਤਹਿਤ ਆਮ ਜਨਤਾ ਨੂੰ ਵਿਧਾਨਕ ਵਿਕਰੀ ਨੋਟਿਸ

ਅਚੱਲ ਜਾਇਦਾਦਾਂ ਦਾ ਵਿਕਰੀ ਲਈ ਵਿਕਰੀ ਨੋਟਿਸ

ਸਕਿਓਰਟਾਈਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰਸਟ ਐਕਟ, 2002, ਜਿਸ ਨੂੰ ਸਕਿਓਰਿਟੀ ਇੰਟਰਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8(6) ਦੇ ਪ੍ਰੋਵੀਜ਼ੋ ਨਾਲ ਪੜ੍ਹਿਆ ਜਾਂਦਾ ਹੈ, ਤਹਿਤ ਅਚੱਲ ਜਾਇਦਾਦਾਂ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।

ਜਨਤਾ ਨੂੰ ਆਮ ਤੌਰ 'ਤੇ ਅਤੇ ਕਰਜ਼ਦਾਰ (ਾਂ) ਤੇ ਗਾਰੰਟਰ (ਾਂ) ਨੂੰ ਵਿਸ਼ੇਸ਼ ਤੌਰ 'ਤੇ ਸੂਚਿਤ ਕੀਤਾ ਜਾਂਦਾ ਹੈ ਕਿ ਸਕਿਓਰਡ ਕ੍ਰੈਡਿਟਰ ਨਾਲ ਮਾਰਟਗੇਜਡ/ਚਾਰਜਡ ਹੇਠਾਂ ਦੱਸੀ ਅਚੱਲ ਜਾਇਦਾਦ ਦਾ ਰਚਨਾਤਮਕ/ਦਸਤੀ/ਸੰਕੇਤਕ ਕਬਜ਼ਾ ਬੈਂਕ ਦੇ ਅਧਿਕਾਰਤ ਅਫ਼ਸਰ/ਸਕਿਓਰਡ ਕ੍ਰੈਡਿਟਰ ਵਲੋਂ ਲੈ ਲਿਆ ਗਿਆ ਹੈ, ਜਿਸ ਦੀ ਵਿਕਰੀ 'ਜਿੱਥੇ ਹੈ ਜਿਵੇਂ ਹੈ', 'ਜੋ ਹੈ ਜਿਵੇਂ ਹੈ' ਅਤੇ 'ਜੋ ਵੀ ਹੈ' ਦੇ ਆਧਾਰ 'ਤੇ ਹੇਠਾਂ ਟੇਬਲ ਵਿਚ ਦੱਸੀ ਮਿਤੀ ਨੂੰ ਬੈਂਕ/ਸਕਿਓਰਡ ਕ੍ਰੈਡਿਟਰ ਦੇ ਸਬੰਧਤ ਕਰਜ਼ਦਾਰ (ਾਂ) ਤੇ ਗਾਰੰਟਰ (ਾਂ) ਤੋਂ ਬਕਾਇਆਂ ਦੀ ਵਸੂਲੀ ਲਈ ਕਰ ਦਿੱਤੀ ਜਾਵੇਗੀ। ਰਾਖਵੀਂ ਕੀਮਤ ਤੇ ਰਕਮ ਬਿਆਨਾ ਜਮ੍ਹਾ ਦਾ ਵੇਰਵਾ ਟੇਬਲ ਵਿਚ ਸਬੰਧਤ ਜਾਇਦਾਦਾਂ ਦੇ ਸਾਹਮਣੇ ਦੱਸੇ ਅਨੁਸਾਰ ਹੋਵੇਗਾ।

ਬ੍ਰਾਂਚ ਦਾ ਨਾਂ, ਅਕਾਊਂਟ ਦਾ ਨਾਂ, ਕਰਜ਼ਦਾਰ/ਗਾਰੰਟਰ ਦੇ ਅਕਾਊਂਟ ਦਾ ਨਾਂ ਤੇ ਪਤਾ	ਮਾਰਟਗੇਜਡ ਅਚੱਲ ਜਾਇਦਾਦਾਂ ਦਾ ਵੇਰਵਾ/ਮਾਲਕ ਦਾ ਨਾਂ (ਜਾਇਦਾਦ (ਾਂ) ਦੇ ਮਾਰਟਗੇਜਰ)	(ਏ) ਸਰਫੇਸੀ ਐਕਟ 2002 ਦੀ ਧਾਰਾ-13(2) ਤਹਿਤ ਡਿਮਾਂਡ ਨੋਟਿਸ ਦੀ ਮਿਤੀ (ਬੀ) ਬਕਾਇਆ ਰਕਮ [illegible] (ਸੀ) ਸਰਫੇਸੀ ਐਕਟ 2002 ਦੀ ਧਾਰਾ-13(4) ਤਹਿਤ ਕਬਜ਼ੇ ਦੀ ਮਿਤੀ (ਡੀ) ਕਬਜ਼ੇ ਦੀ ਕਿਸਮ [illegible]	ਈ-ਨਿਲਾਮੀ ਦੀ ਮਿਤੀ/ਸਮਾਂ	ਸਕਿਓਰਡ ਕ੍ਰੈਡਿਟਰਜ਼ ਦੀ ਜਾਣਕਾਰੀ 'ਚ ਭਾਰਾਂ ਦੇ ਵੇਰਵੇ	(ਏ) ਰਾਖਵੀਂ ਕੀਮਤ (ਰੁਪਏ ਲੱਖਾਂ 'ਚ) (ਬੀ) ਈ. ਐੱਮ. ਡੀ. (ਸੀ) ਬੋਲੀ ਵਾਧਾ ਰਕਮ
ਪੀ. ਐੱਨ. ਬੀ.-ਚੱਕ ਬਿਜੂਰਾ (208900) ਅੰਚਲ ਸਿੰਘ ਪੁੱਤਰ ਗਰੀਬ ਦਾਸ, ਟੀ-2/775, ਜੁਗਿਆਲ ਕਾਲੋਨੀ, ਸ਼ਾਹਪੁਰ, ਪਠਾਨਕੋਟ, ਪੰਜਾਬ - 145029, ਦੂਜਾ ਪਤਾ : ਪਿੰਡ ਚੱਕ ਮਾਧੋ ਸਿੰਘ, ਨੇੜੇ ਦੇਵੀ ਰਾਮ ਨਗਰੀ, ਜ਼ਿਲਾ ਮੰਟ ਦੀ ਕੋਠੀ ਦੇ ਪਿੱਛੇ, ਜੁਗਿਆਲ ਰੋਡ, ਪਠਾਨਕੋਟ, ਪੰਜਾਬ-145029	ਜ਼ਮੀਨ ਤੇ ਇਮਾਰਤ ਦੀ ਇਕੁਇਟੇਬਲ ਮਾਰਟਗੇਜ, ਜਿਸ ਦਾ ਕੁੱਲ ਰਕਬਾ ਲੱਗਭਗ 0 ਕਨਾਲ-05 ਮਰਲੇ ਹੈ। ਜਿਸ ਦੇ ਖਸਰਾ ਨੰਬਰ 9//19/1(3-19), 9//19/02(0-2), 9//17/1(3-14), 9//17/2(1-12), 9//18(8-13), 9//24(8-0), ਕੁੱਲ ਰਕਬਾ 26 ਕਨਾਲ ਹੈ, ਜਿਸ ਵਿਚੋਂ 5/520 ਹਿੱਸਾ ਭਾਵ 5 ਮਰਲੇ ਪਿੰਡ ਗੋਸਾਈਂਪੁਰ, ਹੱਦਬਸਤ ਨੰਬਰ 345, ਤਹਿਸੀਲ ਤੇ ਜ਼ਿਲਾ ਪਠਾਨਕੋਟ ਵਿਖੇ ਸਥਿਤ ਹੈ। ਜਮ੍ਹਾਬੰਦੀ ਸਾਲ 2018-19 ਅਨੁਸਾਰ ਇਹ ਜਾਇਦਾਦ ਅੰਚਲ ਸਿੰਘ ਪੁੱਤਰ ਗਰੀਬ ਦਾਸ ਦੇ ਨਾਂ 'ਤੇ ਹੈ ਅਤੇ ਵਿਕਰੀ ਡੀਡ ਦਸਤਾਵੇਜ਼ ਨੰਬਰ 2023-24/44/1/774, ਬੁੱਕ ਨੰਬਰ 1, ਮਿਤੀ 03.05.2023 ਤਹਿਤ ਜੁਆਇੰਟ ਸਬ-ਰਜਿਸਟਰਾਰ, ਪਠਾਨਕੋਟ ਦੇ ਦਫ਼ਤਰ ਵਿਚ ਦਰਜ ਹੈ। ਹੱਦਬੰਦੀ—ਪੂਰਬ : ਗਲੀ 20'-0", ਚੌੜੀ 36'-0", ਪੱਛਮ : ਖਾਲੀ ਪਲਾਟ 36'-0", ਉੱਤਰ : ਰਾਹੁਲ ਦਾ ਮਕਾਨ 37'-6", ਦੱਖਣ : ਹੋਰਨਾਂ ਦੀ ਜਾਇਦਾਦ 37'-6"	(ਏ) 01.12.2025 (ਬੀ) 31,08,708.50 ਰੁਪਏ 28.11.2025 ਨੂੰ (ਸੀ) 09.02.2026 (ਡੀ) ਸਿੰਬੋਲਿਕ ਕਬਜ਼ਾ	27.03.2026 ਸਵੇਰੇ 11 ਤੋਂ ਸ਼ਾਮ 4 ਵਜੇ	ਚੱਕ ਬਿਜੂਰਾ (208900) ਨਾਲ ਇਕੁਇਟੇਬਲ ਮਾਰਟਗੇਜ	(ਏ) 40.33 ਲੱਖ ਰੁਪਏ (ਬੀ) 4,03,300 ਰੁਪਏ (ਸੀ) 50,000 ਰੁਪਏ

ਨਿਯਮ ਤੇ ਸ਼ਰਤਾਂ : ਵਿਕਰੀ ਸਕਿਓਰਿਟੀ ਇੰਟਰਸਟ (ਇਨਫੋਰਸਮੈਂਟ) ਰੂਲਜ਼ 2002 ਵਿਚ ਨਿਰਧਾਰਤ ਨਿਯਮਾਂ ਤੇ ਸ਼ਰਤਾਂ ਅਤੇ ਹੇਠਾਂ ਦਿੱਤੀਆਂ ਹੋਰ ਵਾਧੂ ਸ਼ਰਤਾਂ ਅਨੁਸਾਰ ਹੋਵੇਗੀ : 1. ਜਾਇਦਾਦਾਂ ਦੀ ਵਿਕਰੀ 'ਜਿੱਥੇ ਹੈ ਜਿਵੇਂ ਹੈ', 'ਜੋ ਹੈ ਜਿਵੇਂ ਹੈ' ਅਤੇ 'ਜੋ ਵੀ ਆਧਾਰ ਹੋਵੇ' 'ਤੇ ਕੀਤੀ ਜਾਵੇਗੀ। 2. ਉੱਪਰ ਸ਼ਡਿਊਲ ਵਿਚ ਦੱਸੇ ਗਏ ਸਕਿਓਰਡ ਆਸਤੀਆਂ ਦੇ ਵੇਰਵੇ ਅਧਿਕਾਰਤ ਅਫ਼ਸਰ ਵਲੋਂ ਸਰਵੋਤਮ ਜਾਣਕਾਰੀ ਦੇ ਆਧਾਰ 'ਤੇ ਦਿੱਤੇ ਗਏ ਹਨ ਪਰ ਅਧਿਕਾਰਤ ਅਫ਼ਸਰ ਇਸ ਐਲਾਨ ਵਿਚ ਕਿਸੇ ਗਲਤੀ, ਗਲਤ ਬਿਆਨੀ ਜਾਂ ਭੁੱਲ ਲਈ ਜਵਾਬਦੇਹ ਨਹੀਂ ਹੋਵੇਗਾ। 3. ਨਿਮਨਹਸਤਾਖਰੀ ਵਲੋਂ ਵਿਕਰੀ ਵੈੱਬਸਾਈਟ https://baanknet.com 'ਤੇ ਦਿੱਤੇ ਈ-ਨਿਲਾਮੀ ਪਲੇਟਫਾਰਮ ਰਾਹੀਂ 27.03.2026 ਨੂੰ ਸਵੇਰੇ 11 ਤੋਂ ਸ਼ਾਮ 4 ਵਜੇ ਦਰਮਿਆਨ ਕੀਤੀ ਜਾਵੇਗੀ। 4. ਵਿਕਰੀ ਦੇ ਵਿਸਤ੍ਰਿਤ ਨਿਯਮ ਤੇ ਸ਼ਰਤਾਂ ਦੇਖਣ ਲਈ ਕਿਰਪਾ ਕਰ ਕੇ https://baanknet.com ਤੇ www.pnbindia.in ਦਾ ਹਵਾਲਾ ਲਵੋ।

ਸਰਫੇਸੀ ਐਕਟ, 2002 ਦੇ ਰੂਲ-8(6) ਤਹਿਤ ਵਿਧਾਨਕ ਵਿਕਰੀ ਨੋਟਿਸ

ਮਿਤੀ : 19.02.2026
ਸਥਾਨ : ਪਠਾਨਕੋਟ
ਹੀਰਾ ਲਾਲ ਹੰਸ, ਅਧਿਕਾਰਤ ਅਫ਼ਸਰ
ਪੰਜਾਬ ਨੈਸ਼ਨਲ ਬੈਂਕ, ਸਕਿਓਰਡ ਕ੍ਰੈਡਿਟਰ

ਪਾਠ ਦਾ ਭੋਗ ਅਤੇ ਅੰਤਿਮ ਅਰਦਾਸ
ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਪੂਜਨੀਕ ਮਾਤਾ ਜੀ ਸਰਦਾਰਨੀ ਜਸਬੀਰ ਕੌਰ ਹੇਅਰ [illegible]

ਸਰਦਾਰਨੀ ਜਸਬੀਰ ਕੌਰ ਹੇਅਰ
ਸਮੂਹ ਹੇਅਰ ਪਰਿਵਾਰ ਅਤੇ ਰਿਸ਼ਤੇਦਾਰ
ਵਲੋਂ :- ਸਮੂਹ ਸਟਾਫ ਬਾਟਾ ਸਿਟੀ ਬਟਾਲਾ